ਡਾਕਟਰ ਤੋਂ 20 ਲੱਖ ਦੀ ਫਿਰੌਤੀ ਮੰਗਣ ਵਾਲੇ 2 ਵਿਅਕਤੀਆਂ ਨੂੰ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਕੀਤਾ ਗ੍ਰਿਫਤਾਰ






ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਸ. ਕਵਲਪ੍ਰੀਤ ਸਿੰਘ ਚਾਹਿਲ ਐਸ.ਪੀ.(ਐਚ) ਅਤੇ ਸ.ਮਨਮੀਤ ਸਿੰਘ ਢਿੱਲੋਂ ਐਸ.ਪੀ.(ਡੀ) ਸ੍ਰੀ ਮੁਕਤਸਰਸ ਸਾਹਿਬ ਦੀ ਨਿਗਰਾਨੀ ਹੇਠ ਇੰਸ: ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਸ੍ਰੀ ਮੁਕਤਸਰ ਸਾਹਿਬ ਅਤੇ ਇੰਸ: ਜਸਕਰਨਦੀਪ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਪੁਲਿਸ ਪਾਰਟੀ ਵੱਲੋਂ ਡਾਕਟਰ ਤੋਂ 20 ਲੱਖ ਦੀ ਫਿਰੌਤੀ ਮੰਗਣ ਵਾਲੇ 02 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ।